# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਕਮ ਸਟੇਟ ਪ੍ਰੋਜੈਕਟ ਡਾਇਰੈਕਟਰ ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ

ਐਸ.ਸੀ.ਓ. ਨੰ: 104-106, ਦੂਸਰੀ ਅਤੇ ਤੀਸਰੀ ਮੰਜ਼ਿਲ, ਸੈਕਟਰ - 34 ਏ, ਚੰਡੀਗੜ੍ਹ

ਵੱਲ :

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ)
ਪੰਜਾਬ।

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
ਪੰਜਾਬ।

ਮੰਡਲ ਸਿੱਖਿਆ ਅਫ਼ਸਰ
ਪੰਜਾਬ।

ਸਮੂਹ ਸਕੂਲ ਮੁਖੀ, (ਵੈੱਬਸਾਈਟ ਰਾਹੀਂ)
ਪੰਜਾਬ।

ਸਮੂਹ BPEOs (ਵੈੱਬਸਾਈਟ ਰਾਹੀਂ)
ਪੰਜਾਬ।

ਮੀਮੋ ਨੰ: SSA/GE/Test/74966-75009
ਮਿੱਤੀ ਚੰਡੀਗੜ੍ਹ: 10.12.2010

**ਵਿਸ਼ਾ:-5ਵੀਂ, 6ਵੀਂ, 7ਵੀਂ ਅਤੇ 8ਵੀਂ ਕਲਾਸ ਦੀਆਂ ਸਾਰੀਆਂ ਲੜਕੀਆਂ ਅਤੇ ਐਸ.ਸੀ./ਐਸ.ਟੀ. ਲੜਕਿਆਂ ਦਾ ਸਰਵ ਸਿੱਖਿਆ ਅਭਿਆਨ, ਪੰਜਾਬ ਅਧੀਨ ਸਾਲ 2010-11 ਵਿਚ ਵਿਸ਼ੇਸ਼ ਕੰਪੀਟੀਟਿਵ ਟੈਸਟ ਲੈਣ ਸਬੰਧੀ ਦਿਸ਼ਾ ਨਿਰਦੇਸ਼।**

1) ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ, ਪੰਜਾਬ ਦੇ ਸਰਕਾਰੀ ਸਕੂਲਾਂ ਵਿਚ V, VI, VII ਅਤੇ VIII ਜਮਾਤਾਂ ਵਿਚ ਪੜ੍ਹ ਰਹੀਆਂ ਸਮੂਹ ਲੜਕੀਆਂ ਅਤੇ ਐਸ.ਸੀ./ਐਸ.ਟੀ. ਲੜਕਿਆਂ ਲਈ ਮਿਤੀ 02.02.2011 ਨੂੰ ਇੱਕ ਸਪੈਸ਼ਲ ਮੁਕਾਬਲਾ ਇਮਤਿਹਾਨ ਦਾ ਪ੍ਰਬੰਧ ਕਰੇਗੀ।

2) ਇੱਕ ਪੇਪਰ ਜਿਸਦੇ 100 ਅੰਕ ਹੋਣਗੇ ਜੋ ਕਿ ਹਿਸਾਬ, ਸਾਇੰਸ, ਅੰਗਰੇਜ਼ੀ ਅਤੇ ਸਮਾਜਿਕ ਸਿੱਖਿਆ ਵਿਸ਼ਿਆਂ ਨੂੰ ਕਵਰ ਕਰੇਗਾ। ਇਨ੍ਹਾਂ ਸਾਰੇ ਵਿਸ਼ਿਆਂ 'ਚੋਂ 25 ਆਬਜ਼ੈਕਟਿਵ ਟਾਈਪ ਪ੍ਰਸ਼ਨ ਲਏ ਜਾਣਗੇ ਜੋ ਕਿ ਹਰੇਕ 1 ਅੰਕ ਦਾ ਹੋਵੇਗਾ। ਪੇਪਰ ਇਨ੍ਹਾਂ ਵਿਸ਼ਿਆਂ ਲਈ ਬੋਰਡ ਦੇ ਨਿਰਧਾਰਤ ਸਿਲੇਬਸ ਅਨੁਸਾਰ ਹੋਏਗਾ।

3) ਪੇਪਰ ਲਈ ਸਮਾਂ ਸਵੇਰੇ 11:00 ਵਜੇ ਤੋਂ ਬਾਅਦ ਦੁਪਹਿਰ 1:00 ਵਜੇ ਤੱਕ ਹੋਵੇਗਾ।

4) ਸਮੂਹ ਲੜਕੀਆਂ ਅਤੇ ਐਸ.ਸੀ./ਐਸ.ਟੀ. ਬੱਚਿਆਂ ਨੂੰ ਅਲੱਗ-ਅਲੱਗ ਇਨਾਮ ਦਿੱਤੇ ਜਾਣਗੇ। ਹਰੇਕ ਬਲਾਕ ਵਿਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਅਤੇ ਐਸ.ਸੀ./ਐਸ.ਟੀ. ਬੱਚਿਆਂ ਨੂੰ ਕ੍ਰਮਵਾਰ ਰੁ: 2000/-, 1500/- ਅਤੇ 1000/- ਨਕਦ ਇਨਾਮ ਦਿੱਤੇ ਜਾਣਗੇ।

5) ਹਰ ਪ੍ਰਸ਼ਨ ਦਾ ਉਤਰ ਪ੍ਰਸ਼ਨ ਪੱਤਰ ਉੱਪਰ ਹੀ ਦਿੱਤਾ ਜਾਵੇਗਾ।

6) ਇਹ ਪੇਪਰ ਸਕੂਲ ਪੱਧਰ ਤੇ ਹੋਵੇਗਾ ਅਤੇ ਇਸ ਦੀ Marking ਵੀ ਸਕੂਲ ਪੱਧਰ ਤੇ ਹੀ ਹੋਵੇਗੀ। Marking ਤੋਂ ਬਾਅਦ ਹਰ ਸਕੂਲ ਦੀ Mark list ਸਕੂਲ ਮੁਖੀ ਵੱਲੋਂ 05 ਫਰਵਰੀ, 2011 ਤੱਕ ਸਬੰਧਤ B.P.E.O's ਨੂੰ ਬਲਾਕ ਪੱਧਰ ਤੇ ਭੇਜ ਦਿੱਤੀ ਜਾਵੇਗੀ।

7) ਪੇਪਰ ਦਾ ਸਾਰਾ ਪ੍ਰਬੰਧ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਕਰਨਗੇ। ਪੇਪਰ ਦੀ ਨਿਗਰਾਨੀ ਲਈ ਅਲਗ-ਅਲਗ ਸਕੂਲਾਂ ਦੇ ਸਟਾਫ ਦੀ ਅਦਲਾ ਬਦਲੀ ਕੀਤੀ ਜਾਵੇਗੀ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਵੱਲੋਂ ਇਸ ਸਬੰਧ ਵਿਚ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ।

8) ਹਰ B.P.E.O ਵੱਲੋਂ ਆਪਣੇ ਬਲਾਕ ਦੀਆਂ ਪੰਜਵੀਂ, ਛੇਵੀਂ, ਸੱਤਵੀਂ ਅਤੇ ਅੱਠਵੀਂ ਜਮਾਤ ਵਿਚ ਪਹਿਲੇ, ਦੂਜੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੀਆਂ ਲੜਕੀਆਂ ਅਤੇ ਪਹਿਲੇ, ਦੂਜੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਐਸ.ਸੀ. ਬੱਚਿਆਂ ਦੀ ਸੂਚੀ ਵੱਖਰੀ-ਵੱਖਰੀ ਤਿਆਰ ਕੀਤੀ ਜਾਵੇਗੀ। ਇਹ ਲਿਸਟਾਂ ਜ਼ਿਲ੍ਹਾ ਪੱਧਰ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.) ਨੂੰ ਭੇਜ ਦਿੱਤੀਆਂ ਜਾਣਗੀਆਂ।

9) ਜ਼ਿਲ੍ਹਾ ਪੱਧਰ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਅਤੇ (ਐ.ਸਿ.) ਵੱਲੋਂ ਫ਼ਰਵਰੀ ਦੇ ਆਖਰੀ ਹਫ਼ਤੇ ਦੌਰਾਨ ਇਕ ਸਾਂਝਾ ਸਮਾਰੋਹ ਆਯੋਜਿਤ ਕਰਕੇ ਇਨ੍ਹਾਂ ਬੱਚਿਆਂ ਨੂੰ ਕੈਸ਼ ਅਵਾਰਡ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਜਾਵੇਗਾ।

10) ਸਪਸ਼ਟ ਕੀਤਾ ਜਾਂਦਾ ਹੈ ਕਿ ਪੰਜਵੀਂ, ਛੇਵੀਂ, ਸੱਤਵੀਂ ਅਤੇ ਅੱਠਵੀਂ ਜਮਾਤ ਦੀਆਂ ਟਾਪਰ ਲੜਕੀਆਂ ਅਤੇ ਐਸ.ਸੀ. ਬੱਚਿਆਂ ਦੀ ਵੱਖਰੀ-ਵੱਖਰੀ ਮੈਰਿਟ ਸੂਚੀ ਬਣਾਈ ਜਾਵੇਗੀ ਅਤੇ ਉਨ੍ਹਾਂ ਨੂੰ ਅਵਾਰਡ ਵੀ ਵੱਖਰੇ-ਵੱਖਰੇ ਦਿੱਤੇ ਜਾਣਗੇ।

11) ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ) ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਇਹ ਯਕੀਨੀ ਬਣਾਉਣ ਕਿ ਇਹ ਗਾਈਡਲਾਈਨਜ਼ ਹਰੇਕ ਸਕੂਲ ਮੁੱਖੀ ਤੱਕ ਪਹੁੰਚ ਜਾਣ। ਇਸਦੀ ਕਾਪੀ ਸਰਵ ਸਿੱਖਿਆ ਅਭਿਆਨ, ਪੰਜਾਬ ਦੀ ਵੈੱਬਸਾਈਟ (ssapunjab.org) ਉੱਪਰ ਵੀ ਰੱਖੀ ਗਈ ਹੈ।

12) ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਇਸ ਕੰਮ ਨੂੰ ਚੰਗੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ ਜੀ।

-ਸਹੀ-
**ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ,**
**ਪੰਜਾਬ, ਚੰਡੀਗੜ੍ਹ।**

ਪਿੱਠ ਅੰਕਣ ਨੰ: SSA/GE/Test/75010-75012 ਮਿਤੀ: 10.12.2010

ਉਪਰੋਕਤ ਦਾ ਉਤਾਰਾ ਡੀ.ਪੀ.ਆਈ. (ਐ.ਸਿ.), (ਸੈ.ਸਿ.) ਤੇ ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

-ਸਹੀ-
**ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ,**
**ਪੰਜਾਬ, ਚੰਡੀਗੜ੍ਹ**